15 ਵੀਂ ਵਿਧਾਨ ਸਭਾ
ਚੌਥਾ ਸਮਾਗਮ

# ਪੰਜਾਬ ਵਿਧਾਨ ਸਭਾ

## ਬੁਲੇਟਿਨ ਨੰ. 9

**ਬੁੱਧਵਾਰ, 28 ਮਾਰਚ, 2018**
**(10.00 ਵਜੇ ਸਵੇਰ ਤੋਂ 3.02 ਵਜੇ ਬਾਅਦ ਦੁਪਹਿਰ)**

1. **ਪ੍ਰਸ਼ਨ**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 14 | – | 01 | 05 | 28 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 04

2. **ਧਿਆਨ ਦਿਵਾਊ ਨੋਟਿਸ**

ਸਰਦਾਰ ਅਮਰਜੀਤ ਸਿੰਘ ਸੰਦੋਆ, ਐਮ.ਐਲ.ਏ ਦੁਆਰਾ ਰੋਪੜ, ਆਨੰਦਪੁਰ ਸਾਹਿਬ, ਗੜਸ਼ੰਕਰ ਅਤੇ ਬਲਾਚੌਰ ਵਿਧਾਨ ਸਭਾ ਹਲਕਿਆਂ ਵਿੱਚ ਪਿੰਡਾਂ ਨੂੰ ਜੰਗਲਾਤ ਖੇਤਰ ਤੋਂ ਵੱਖ ਕਰਨ ਲਈ ਕੰਡਿਆਲੀ ਤਾਰ ਲਗਾਉਣ ਦੇ ਪ੍ਰਸਤਾਵ ਦੇ ਲਾਗੂ ਨਾ ਹੋਣ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 22)

ਮੁੱਖ ਮੰਤਰੀ ਨੇ ਜਵਾਬ ਦਿੱਤਾ।

3. **ਨਿਯਮ 16 ਅਧੀਨ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ:

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।"

4. **ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ**

ਸੰਸਦੀ ਮਾਮਲੇ ਮੰਤਰੀ ਵੱਲੋਂ ਜਸਟਿਸ ਜੇ.ਐਸ ਨਾਰੰਗ (ਰਿਟਾਇਰਡ) ਪੜਤਾਲੀਆ ਕਮਿਸ਼ਨ ਅਤੇ ਇਸ ਦੀਆਂ ਸਿਫਾਰਸ਼ਾਂ ਤੇ ਕੀਤੀ ਗਈ ਕਾਰਵਾਈ ਦੀ ਰਿਪੋਰਟ ਸਦਨ ਦੀ ਮੇਜ਼ ਤੇ ਰੱਖੀ ਗਈ ।

5. **ਰਿਪੋਰਟਾਂ ਪੇਸ਼ ਕਰਨਾ**

1. ਰਾਜ ਵਿੱਚ ਕਿਸਾਨਾਂ ਵੱਲੋਂ ਕੀਤੀਆਂ ਗਈਆਂ ਖੁਦਕੁਸ਼ੀਆਂ ਅਤੇ ਖੇਤ ਮਜ਼ਦੂਰਾਂ ਦੇ ਕਰਜ਼ਿਆਂ ਕਾਰਨ ਆਰਥਿਕ ਤੰਗੀ ਦੇ ਕਾਰਣਾਂ ਨੂੰ ਜਾਂਚਣ ਅਤੇ ਸੁਝਾਅ ਦੇਣ ਲਈ ਗਠਿਤ ਸਦਨ ਦੀ ਕਮੇਟੀ ਦੇ ਸਭਾਪਤੀ (ਸਰਦਾਰ ਸੁਖਬਿੰਦਰ ਸਿੰਘ ਸਰਕਾਰੀਆ) ਵਲੋਂ ਰਾਜ ਵਿੱਚ ਕਿਸਾਨਾਂ ਵੱਲੋਂ ਕੀਤੀਆਂ ਗਈਆਂ ਖੁਦਕੁਸ਼ੀਆਂ ਅਤੇ ਖੇਤ ਮਜ਼ਦੂਰਾਂ ਦੇ ਕਰਜ਼ਿਆਂ ਕਾਰਨ ਆਰਥਿਕ ਤੰਗੀ ਦੇ ਕਾਰਣਾਂ ਨੂੰ ਜਾਂਚਣ ਅਤੇ ਸੁਝਾਅ ਦੇਣ ਲਈ ਗਠਿਤ ਸਦਨ ਦੀ ਕਮੇਟੀ ਦੀ ਰਿਪੋਰਟ ਪੇਸ਼ ਕੀਤੀ ਗਈ।

2. ਅਨੁਮਾਨ ਕਮੇਟੀ ਦੇ ਸਭਾਪਤੀ (ਸਰਦਾਰ ਸੁਖਬਿੰਦਰ ਸਿੰਘ ਸਰਕਾਰੀਆ) ਵਲੋਂ ਜਲ ਸਰੋਤ ਵਿਭਾਗ, ਪੰਜਾਬ ਦੇ ਸਬੰਧ ਵਿੱਚ ਬਜਟ ਅਨੁਮਾਨਾਂ (2017-18) ਤੇ ਸਾਲ 2017-18 ਲਈ ਅਨੁਮਾਨ ਕਮੇਟੀ ਦੀ ਰਿਪੋਰਟ ਪੇਸ਼ ਕੀਤੀ ਗਈ।

3. ਅਧੀਨ ਵਿਧਾਨ ਕਮੇਟੀ ਦੇ ਸਭਾਪਤੀ (ਸ਼੍ਰੀ ਰਾਕੇਸ਼ ਪਾਂਡੇ) ਵਲੋਂ ਸਾਲ 2017-18 ਲਈ ਅਧੀਨ ਵਿਧਾਨ ਕਮੇਟੀ ਦੀ 41 ਵੀਂ ਰਿਪੋਰਟ ਪੇਸ਼ ਕੀਤੀ ਗਈ।

6. **ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕਰਨਾ**

ਸਦਨ ਵਿੱਚ ਬਹੁਤ ਸ਼ੋਰ ਸ਼ਰਾਬਾ ਹੋਣ ਕਾਰਨ ਮਾਨਯੋਗ ਸਪੀਕਰ ਵੱਲੋਂ ਸਦਨ 11.42 ਵਜੇ ਪੂਰਵ ਦੁਪਹਿਰ ਤੋਂ 12.02 ਵਜੇ ਬਾਅਦ ਦੁਪਹਿਰ ਤੱਕ 20 ਮਿੰਟ ਲਈ ਸਥਗਿਤ ਕੀਤਾ ਗਿਆ।

7. **ਸਾਲ 2018-19 ਲਈ ਬਜਟ ਅਨੁਮਾਨ।**

ਸਾਲ 2018-19 ਲਈ ਬਜਟ ਅਨੁਮਾਨਾਂ ਤੇ ਆਮ ਬਹਿਸ ਮੁੜ ਆਰੰਭ ਕਰਨਾ

ਵਿੱਤ ਮੰਤਰੀ ਬਹਿਸ ਦਾ ਜਵਾਬ ਦਿੰਦੇ ਹੋਏ 56 ਮਿੰਟ ਲਈ ਬੋਲੇ।

8. ਵਿੱਤੀ ਕੰਮ-ਕਾਰ

(i) **ਸਾਲ 2018- 19 ਲਈ ਬਜਟ ਅਨੁਮਾਨਾਂ ਨਾਲ ਸਬੰਧਤ ਗ੍ਰਾਂਟਾਂ ਲਈ ਮੰਗਾਂ ਤੇ ਬਹਿਸ ਅਤੇ ਵੋਟਿੰਗ**

ਵਿੱਤ ਮੰਤਰੀ ਨੇ ਸਾਲ 2018-19 ਲਈ ਬਜਟ ਅਨੁਮਾਨਾਂ ਨਾਲ ਸਬੰਧਤ ਗ੍ਰਾਂਟਾ ਲਈ ਮੰਗਾਂ ਪੇਸ਼ ਕੀਤੀਆਂ।

ਸਬੰਧਤ ਮੈਂਬਰ ਸਾਹਿਬਾਨ ਵਲੋਂ ਮੰਗ ਨੰ. 1, 2, 5, 7, 8, 9, 10, 11, 12, 13, 16, 20, 23, 24, 25, 29, 31, 33 ਅਤੇ 42 ਤੇ ਆਪਣੇ ਦੁਆਰਾ ਕ੍ਰਮਵਾਰ ਪੇਸ਼ ਕੀਤੇ ਕਟੌਤੀ ਪ੍ਰਸਤਾਵ ਸਦਨ ਦੀ ਵੋਟਿੰਗ ਲਈ ਰੱਖਣ ਅਤੇ ਅਸਵੀਕਾਰ ਕੀਤੇ ਜਾਣ ਉਪਰੰਤ ਕਾਰਜਸੂਚੀ ਵਿੱਚ ਦਰਜ ਸਾਰੀਆਂ ਮੰਗਾਂ ਕ੍ਰਮਵਾਰ ਸਦਨ ਦੀ ਵੋਟਿੰਗ ਲਈ ਰੱਖੀਆਂ ਗਈਆਂ ਅਤੇ ਪ੍ਰਵਾਨ ਹੋਈਆਂ।

(ii) **ਪੰਜਾਬ ਨਮਿੱਤਣ (ਨੰ. 2) ਬਿਲ, 2018**

ਵਿੱਤ ਮੰਤਰੀ ਨੇ ਪੰਜਾਬ ਨਮਿੱਤਣ (ਨੰ. 2) ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ਾਂ 2 ਤੋਂ 4, ਸ਼ਡਿਊਲ, ਕਲਾਜ਼ 1 ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਕਿ ਪੰਜਾਬ ਨਮਿੱਤਣ (ਨੰ. 2) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

9. **ਸਾਲ 2018-19 ਲਈ ਚੁਣੀਆਂ ਜਾਣ ਵਾਲੀਆਂ ਕਮੇਟੀਆਂ ਦੇ ਗਠਨ ਸਬੰਧੀ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਵਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਵੀਕਾਰ ਹੋਇਆ:

"ਕਿਉਂਜੋ ਸਾਲ 2018-19 ਲਈ-

1. ਲੋਕ ਲੇਖਾ ਕਮੇਟੀ;
2. ਅਨੁਮਾਨ ਕਮੇਟੀ;
3. ਸਰਕਾਰੀ ਕਾਰੋਬਾਰ ਕਮੇਟੀ; ਅਤੇ
4. ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੀ ਭਲਾਈ ਲਈ ਕਮੇਟੀ

ਲਈ ਚੋਣਾਂ 31 ਮਾਰਚ, 2018 ਤੋਂ ਪਹਿਲਾਂ ਕੀਤੀਆਂ ਜਾਣੀਆਂ ਬਣਦੀਆਂ ਹਨ; ਅਤੇ

ਕਿਉਂਜੋ ਸਦਨ ਕੋਲ ਬਾਕੀ ਰਹਿੰਦਾ ਸਮਾਂ ਬਹੁਤ ਘੱਟ ਹੈ ਅਤੇ ਸਾਧਾਰਨ ਰੂਪ ਵਿਚ ਇਨ੍ਹਾਂ ਕਮੇਟੀਆਂ ਲਈ ਚੋਣ ਕਰਵਾਉਣਾ ਸੰਭਵ ਨਹੀਂ ਹੈ;

ਇਸ ਲਈ, ਹੁਣ, ਇਹ ਸਦਨ ਸਪੀਕਰ, ਪੰਜਾਬ ਵਿਧਾਨ ਸਭਾ ਨੂੰ ਸਦਨ ਵਿਚ ਵੱਖ-ਵੱਖ ਪਾਰਟੀਆਂ /ਗਰੁੱਪਾਂ ਦੀ ਅਨੁਪਾਤੀ ਸੰਖਿਆ ਨੂੰ ਧਿਆਨ ਵਿਚ ਰੱਖਦੇ ਹੋਏ ਉਕਤ ਵਰਣਿਤ ਸਾਲ ਲਈ ਉਪਰੋਕਤ ਕਮੇਟੀਆਂ ਦੇ ਮੈਂਬਰ ਨਾਮਜ਼ਦ ਕਰਨ ਦਾ ਅਧਿਕਾਰ ਦਿੰਦਾ ਹੈ;

ਇਹ ਸਦਨ, ਹੋਰ ਇਹ ਵੀ ਮਤਾ ਪਕਾਉਂਦਾ ਹੈ ਕਿ ਉਪਰੋਕਤ ਮੰਤਵ ਲਈ ਸਾਲ 2018-19 ਲਈ ਉਕਤ ਕਮੇਟੀਆਂ ਦੀਆਂ ਚੋਣਾਂ ਸਬੰਧੀ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ ਜੋ ਉਕਤ ਮਤੇ ਨਾਲ ਮੇਲ ਨਾ ਖਾਂਦੇ ਹੋਣ ਜਾਂ ਉਸਦੇ ਉਲਟ ਹੋਣ, ਮੁਅੱਤਲ ਰਹਿਣਗੇ।"

ਇਸ ਮਤੇ ਤੇ ਬਹਿਸ ਦੌਰਾਨ ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ 02 ਮਿੰਟ ਲਈ ਬੋਲੇ।

10. **ਵਿਧਾਨਕ ਕੰਮ-ਕਾਰ**

1. **ਪੰਜਾਬ ਪੁਲਿਸ (ਸੋਧਨਾ) ਬਿਲ, 2018 (ਆਰਡੀਨੈਂਸ ਦੀ ਥਾਂ ਲੈਣ ਲਈ)**

ਮੁੱਖ ਮੰਤਰੀ ਨੇ ਪੰਜਾਬ ਪੁਲਿਸ (ਸੋਧਨਾ) ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਮਿਸ ਰੁਪਿੰਦਰ ਕੌਰ ਰੂਬੀ, ਆਮ ਆਦਮੀ ਪਾਰਟੀ | 02 ਮਿੰਟ, |
| 2. | ਸਰਦਾਰ ਹਰਵਿੰਦਰ ਸਿੰਘ ਫੂਲਕਾ, ਆਮ ਆਦਮੀ ਪਾਰਟੀ | 01 ਮਿੰਟ |
| 3. | ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ | 02 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 8 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਪੁਲਿਸ (ਸੋਧਨਾ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

## 2. ਪੰਜਾਬ ਪਬਲਿਕ ਸੇਵਾ ਦੀ ਡਿਲੀਵਰੀ ਵਿੱਚ ਪਾਰਦਰਸ਼ਿਤਾ ਅਤੇ ਜਵਾਬਦੇਹੀ ਬਿਲ, 2018

ਮੁੱਖ ਮੰਤਰੀ ਨੇ ਪੰਜਾਬ ਪਬਲਿਕ ਸੇਵਾ ਦੀ ਡਿਲੀਵਰੀ ਵਿੱਚ ਪਾਰਦਰਸ਼ਿਤਾ ਅਤੇ ਜਵਾਬਦੇਹੀ ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | |
|---|---|
| 1. ਸਰਦਾਰ ਸੁਖਜਿੰਦਰ ਸਿੰਘ ਰੰਧਾਵਾ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |
| 2. ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 01 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 22 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਪਬਲਿਕ ਸੇਵਾ ਦੀ ਡਿਲੀਵਰੀ ਵਿੱਚ ਪਾਰਦਰਸ਼ਿਤਾ ਅਤੇ ਜਵਾਬਦੇਹੀ ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

## 3. ਉਪ-ਮੰਤਰੀਆਂ ਦੀਆਂ ਤਨਖਾਹਾਂ ਅਤੇ ਭੱਤੇ ਪੰਜਾਬ (ਸੋਧਨਾ) ਬਿਲ, 2018

ਸੰਸਦੀ ਮਾਮਲੇ ਮੰਤਰੀ ਨੇ ਉਪ-ਮੰਤਰੀਆਂ ਦੀਆਂ ਤਨਖਾਹਾਂ ਅਤੇ ਭੱਤੇ ਪੰਜਾਬ (ਸੋਧਨਾ) ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਬਹਿਸ ਦੌਰਾਨ ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ 03 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), **ਕਲਾਜ਼ 2**, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਵੀਕਾਰ ਹੋਏ।

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਉਪ-ਮੰਤਰੀਆਂ ਦੀਆਂ ਤਨਖਾਹਾਂ ਅਤੇ ਭੱਤੇ ਪੰਜਾਬ (ਸੋਧਨਾ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

## 4. ਪੂਰਬੀ ਪੰਜਾਬ ਮੰਤਰੀਆਂ ਦੀਆਂ ਤਨਖਾਹਾਂ (ਸੋਧਨਾ) ਬਿਲ, 2018

ਸੰਸਦੀ ਮਾਮਲੇ ਮੰਤਰੀ ਨੇ ਪੂਰਬੀ ਪੰਜਾਬ ਮੰਤਰੀਆਂ ਦੀਆਂ ਤਨਖਾਹਾਂ (ਸੋਧਨਾ) ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੂਰਬੀ ਪੰਜਾਬ ਮੰਤਰੀਆਂ ਦੀਆਂ ਤਨਖਾਹਾਂ (ਸੋਧਨਾ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

## 5. ਸਿਗਰਟ ਅਤੇ ਹੋਰ ਤੰਬਾਕੂ ਉਤਪਾਦ (ਵਿਗਿਆਪਨ ਤੇ ਰੋਕ ਅਤੇ ਵਪਾਰ ਅਤੇ ਵਣਜ, ਉਤਪਾਦਨ, ਸਪਲਾਈ ਅਤੇ ਡਿਸਟ੍ਰੀਬਿਊਸ਼ਨ ਦਾ ਵਿਨਿਯਮਨ) (ਪੰਜਾਬ ਸੋਧਨਾ) ਬਿਲ, 2018

ਸਿਹਤ ਤੇ ਪਰਿਵਾਰ ਭਲਾਈ ਮੰਤਰੀ ਨੇ ਸਿਗਰਟ ਅਤੇ ਹੋਰ ਤੰਬਾਕੂ ਉਤਪਾਦ (ਵਿਗਿਆਪਨ ਤੇ ਰੋਕ ਅਤੇ ਵਪਾਰ ਅਤੇ ਵਣਜ, ਉਤਪਾਦਨ, ਸਪਲਾਈ ਅਤੇ ਡਿਸਟ੍ਰੀਬਿਊਸ਼ਨ ਦਾ ਵਿਨਿਯਮਨ) (ਪੰਜਾਬ ਸੋਧਨਾ) ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਬਿਲ ਪੇਸ਼ ਕਰਦੇ ਹੋਏ ਸਿਹਤ ਤੇ ਪਰਿਵਾਰ ਭਲਾਈ ਮੰਤਰੀ 04 ਮਿੰਟ ਲਈ ਬੋਲੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

1. ਸਰਦਾਰ ਹਰਵਿੰਦਰ ਸਿੰਘ ਫੂਲਕਾ, ਆਮ ਆਦਮੀ ਪਾਰਟੀ 01 ਮਿੰਟ
2. ਸਰਦਾਰ ਬਲਵਿੰਦਰ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ 01 ਮਿੰਟ

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 7 ਤੱਕ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਿਹਤ ਤੇ ਪਰਿਵਾਰ ਭਲਾਈ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਸਿਗਰਟ ਅਤੇ ਹੋਰ ਤੰਬਾਕੂ ਉਤਪਾਦ (ਵਿਗਿਆਪਨ ਤੇ ਰੋਕ ਅਤੇ ਵਪਾਰ ਅਤੇ ਵਣਜ, ਉਤਪਾਦਨ, ਸਪਲਾਈ ਅਤੇ ਡਿਸਟ੍ਰੀਬਿਊਸ਼ਨ ਦਾ ਵਿਨਿਯਮਨ) (ਪੰਜਾਬ ਸੋਧਨਾ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

## 6. ਪੰਜਾਬ ਰਾਜ ਵਿਕਾਸ ਕਰ ਬਿਲ, 2018

ਵਿੱਤ ਮੰਤਰੀ ਨੇ ਪੰਜਾਬ ਰਾਜ ਵਿਕਾਸ ਕਰ ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2 ਅਤੇ 3), ਕਲਾਜ਼ਾਂ 2 ਤੋਂ 24 ਤੱਕ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਰਾਜ ਵਿਕਾਸ ਕਰ ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

## 7. ਅਨੁਸੂਚਿਤ ਜਾਤੀਆਂ ਲਈ ਪੰਜਾਬ ਰਾਜ ਕਮਿਸ਼ਨ (ਸੋਧਨਾ) ਬਿਲ, 2018

ਅਨੁਸੂਚਿਤ ਜਾਤੀਆਂ ਤੇ ਪਛੜੀਆਂ ਸ਼੍ਰੇਣੀਆਂ ਦੀ ਭਲਾਈ ਮੰਤਰੀ ਵਲੋਂ ਅਨੁਸੂਚਿਤ ਜਾਤੀਆਂ ਲਈ ਪੰਜਾਬ ਰਾਜ ਕਮਿਸ਼ਨ (ਸੋਧਨਾ) ਬਿਲ, 2018 ਵਾਪਸ ਲੈ ਲਿਆ ਗਿਆ।

## 8. ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਦੀ ਤਨਖਾਹ ਅਤੇ ਭੱਤੇ (ਸੋਧਨਾ) ਬਿਲ, 2018

ਸੰਸਦੀ ਮਾਮਲੇ ਮੰਤਰੀ ਨੇ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਦੀ ਤਨਖਾਹ ਅਤੇ ਭੱਤੇ (ਸੋਧਨਾ) ਬਿਲ,2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਦੀ ਤਨਖਾਹ ਅਤੇ ਭੱਤੇ (ਸੋਧਨਾ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

## 9. ਪੰਜਾਬ ਕਾਨੂੰਨ (ਗੈਰਕਾਨੂੰਨੀ ਕਲੋਨੀਆਂ ਨੂੰ ਨਿਯਮਤ ਕਰਨ ਲਈ ਵਿਸ਼ੇਸ਼ ਉਪਬੰਧ) ਬਿਲ, 2018

ਮੁੱਖ ਮੰਤਰੀ ਨੇ ਵਿਧਾਨ ਸਭਾ ਵਿੱਚ ਪੰਜਾਬ ਕਾਨੂੰਨ (ਗੈਰਕਾਨੂੰਨੀ ਕਲੋਨੀਆਂ ਨੂੰ ਨਿਯਮਤ ਕਰਨ ਲਈ ਵਿਸ਼ੇਸ਼ ਉਪਬੰਧ) ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

1. ਸਰਦਾਰ ਪਰਗਟ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ 01 ਮਿੰਟ
2. ਸਰਦਾਰ ਬਲਬੀਰ ਸਿੰਘ ਸਿੱਧੂ, ਇੰਡੀਅਨ ਨੈਸ਼ਨਲ ਕਾਂਗਰਸ 01 ਮਿੰਟ
3. ਸਰਦਾਰ ਹਰਵਿੰਦਰ ਸਿੰਘ ਫੂਲਕਾ, ਆਮ ਆਦਮੀ ਪਾਰਟੀ 02 ਮਿੰਟ
4. ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ 02 ਮਿੰਟ
5. ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ, ਆਮ ਆਦਮੀ ਪਾਰਟੀ 01 ਮਿੰਟ

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 16 ਤੱਕ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਕਾਨੂੰਨ (ਗੈਰਕਾਨੂੰਨੀ ਕਲੋਨੀਆਂ ਨੂੰ ਨਿਯਮਤ ਕਰਨ ਲਈ ਵਿਸ਼ੇਸ਼ ਉਪਬੰਧ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

## 10. ਪੰਜਾਬ ਸਮਾਜਿਕ ਸੁਰੱਖਿਆ ਬਿਲ, 2018

ਵਿੱਤ ਮੰਤਰੀ ਨੇ ਵਿਧਾਨ ਸਭਾ ਵਿੱਚ ਪੰਜਾਬ ਸਮਾਜਿਕ ਸੁਰੱਖਿਆ ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 01 ਮਿੰਟ |
| 2 | ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ | 01 ਮਿੰਟ |
| 3. | ਸਰਦਾਰ ਹਰਵਿੰਦਰ ਸਿੰਘ ਫੂਲਕਾ, ਆਮ ਆਦਮੀ ਪਾਰਟੀ | 02 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 15 ਤੱਕ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਸਮਾਜਿਕ ਸੁਰੱਖਿਆ ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਬਹਿਸ ਦਾ ਜਵਾਬ ਦਿੰਦੇ ਹੋਏ ਵਿੱਤ ਮੰਤਰੀ 02 ਮਿੰਟ ਲਈ ਬੋਲੇ।

## 11. ਪੰਜਾਬ ਸੜਕਾਂ ਅਤੇ ਪੁਲ ਵਿਕਾਸ ਬੋਰਡ (ਸੋਧਨਾ) ਬਿਲ, 2018

ਰਾਜ ਮੰਤਰੀ, ਲੋਕ ਨਿਰਮਾਣ ਵਿਭਾਗ ( ਭਵਨ ਅਤੇ ਸੜਕਾਂ) ਨੇ ਵਿਧਾਨ ਸਭਾ ਵਿੱਚ ਪੰਜਾਬ ਸੜਕਾਂ ਅਤੇ ਪੁਲ ਵਿਕਾਸ ਬੋਰਡ (ਸੋਧਨਾ) ਬਿਲ, 2018 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਬਹਿਸ ਦੌਰਾਨ ਮਾਨਯੋਗ ਮੈਂਬਰ, ਸਰਦਾਰ ਹਰਵਿੰਦਰ ਸਿੰਘ ਫੂਲਕਾ, ਆਮ ਆਦਮੀ ਪਾਰਟੀ 01 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼-2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਰਾਜ ਮੰਤਰੀ, ਲੋਕ ਨਿਰਮਾਣ ਵਿਭਾਗ (ਭਵਨ ਅਤੇ ਸੜਕਾਂ) ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਸੜਕਾਂ ਅਤੇ ਪੁਲ ਵਿਕਾਸ ਬੋਰਡ (ਸੋਧਨਾ) ਬਿਲ, 2018 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

## 11. ਵਿਸ਼ੇਸ਼ ਅਧਿਕਾਰ ਹਨਨ ਦਾ ਪ੍ਰਸਤਾਵ

ਸੰਸਦੀ ਮਾਮਲੇ ਮੰਤਰੀ ਵੱਲੋਂ ਨਿਮਨਲਿਖਤ ਵਿਸ਼ੇਸ਼ ਅਧਿਕਾਰ ਹਨਨ ਪ੍ਰਸਤਾਵ ਪੇਸ਼ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

> "ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ ਵਲੋਂ ਸਦਨ ਵਿੱਚ ਮਿਤੀ 26.03.2018 ਨੂੰ ਰਾਜਪਾਲ ਜੀ ਦੇ ਭਾਸ਼ਣ ਤੇ ਬੋਲਦਿਆਂ ਸੱਤਾਧਾਰੀ ਪਾਰਟੀ ਦੇ ਸਾਰੇ ਮੈਂਬਰਾਂ ਦੇ ਖਿਲਾਫ਼ ਗੈਰ-ਕਾਨੂੰਨੀ ਮਾਈਨਿੰਗ ਵਿੱਚ ਲਿਪਤ ਹੋਣ ਸਬੰਧੀ ਉਨ੍ਹਾਂ ਕੋਲ ਸ਼ਿਕਾਇਤਾਂ ਹੋਣ ਦੇ ਝੂਠੇ ਇਲਜ਼ਾਮ ਲਗਾਉਣ ਨਾਲ ਸੱਤਾਧਾਰੀ ਪਾਰਟੀ ਦੇ ਮੈਂਬਰਾਂ ਦੇ ਵਿਸ਼ੇਸ਼ ਅਧਿਕਾਰਾਂ ਦੇ ਹਨਨ ਦੇ ਨਾਲ ਨਾਲ ਸਦਨ ਦੀ ਮਾਣ ਮਰਿਆਦਾ ਵੀ ਭੰਗ ਹੋਈ ਹੈ। ਵਿਰੋਧੀ ਧਿਰ ਦੇ ਨੇਤਾ ਵਲੋਂ ਇਸ ਤਰ੍ਹਾਂ ਦੀ ਗੈਰ-ਜ਼ਿੰਮੇਂਵਾਰਾਨਾ ਬਿਆਨਬਾਜੀ ਨੂੰ ਇਹ ਪਵਿੱਤਰ ਸਦਨ ਆਪਣੀ ਤੌਹੀਨ ਸਮਝਦਾ ਹੈ ਅਤੇ ਉਨ੍ਹਾਂ ਵਲੋਂ ਲਗਾਏ ਗਏ ਝੂਠੇ ਇਲਜ਼ਾਮ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ।

ਮਾਮਲੇ ਦੀ ਗੰਭੀਰਤਾ ਨੂੰ ਮੁੱਖ ਰੱਖਦੇ ਹੋਏ ਮੈਂ ਆਪ ਜੀ ਨੂੰ ਬੇਨਤੀ ਕਰਦਾ ਹਾਂ ਕਿ ਇਹ ਮਾਮਲਾ ਵਿਸ਼ੇਸ਼ ਅਧਿਕਾਰ ਕਮੇਟੀ ਨੂੰ ਇਸ ਮਾਮਲੇ ਸੰਬੰਧੀ ਢੁਕਵੀਂ ਕਾਰਵਾਈ ਕਰਨ ਹਿੱਤ ਸੌਂਪਿਆ ਜਾਵੇ।"

12. <u>ਵਾਕ ਆਊਟ</u>

1. ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਜਸਟਿਸ ਜੇ.ਐਸ ਨਾਰੰਗ ਦੀ ਰਿਪੋਰਟ ਅਤੇ ਕਿਸਾਨਾਂ ਦੇ ਮੁੱਦਿਆਂ ਤੇ ਬੋਲਣ ਲਈ ਸਮਾਂ ਨਾ ਦਿੱਤੇ ਜਾਣ ਦੇ ਰੋਸ ਵਜੋਂ ਸਦਨ ਵਿੱਚੋਂ ਨਾਅਰੇ ਮਾਰਦੇ ਹੋਏ ਵਾਕ ਆਊਟ ਕਰ ਗਏ।

2. ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ (ਵਿਰੋਧੀ ਧਿਰ ਦੇ ਨੇਤਾ ਨੂੰ ਛੱਡ ਕੇ) ਬਿੱਲ ਤੇ ਬੋਲਣ ਲਈ ਸਮਾਂ ਨਾ ਦਿੱਤੇ ਜਾਣ ਦੇ ਰੋਸ ਵਜੋਂ ਨਾਅਰੇ ਮਾਰਦੇ ਹੋਏ ਸਦਨ ਵਿੱਚੋਂ ਵਾਕ ਆਊਟ ਕਰ ਗਏ ਅਤੇ ਕੁੱਝ ਦੇਰ ਬਾਅਦ ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ ਅਤੇ ਲੋਕ ਇਨਸਾਫ਼ ਪਾਰਟੀ ਦੇ ਦੋਵੇਂ ਮੈਂਬਰ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

3. ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਸੱਤਾਧਾਰੀ ਪਾਰਟੀ ਵਲੋਂ ਵਿਰੋਧੀ ਧਿਰ ਦੇ ਨੇਤਾ ਵਿਰੁੱਧ ਵਿਸ਼ੇਸ਼ ਅਧਿਕਾਰ ਦੇ ਹਨਨ ਦਾ ਪ੍ਰਸਤਾਵ ਲਿਆਉਣ ਦੇ ਰੋਸ ਵਜੋਂ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

13. <u>ਸਦਨ ਦਾ ਸਮਾਂ ਵਧਾਉਣਾ</u>

ਮਾਨਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਅੱਜ ਦੀ ਬੈਠਕ ਦਾ ਸਮਾਂ ਅੱਜ ਦੀ ਕਾਰਵਾਈ ਖਤਮ ਹੋਣ ਤੱਕ ਵਧਾਇਆ ਗਿਆ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

**ਚੰਡੀਗੜ੍ਹ:** **ਸ਼ਸ਼ੀ ਲਖਨਪਾਲ ਮਿਸ਼ਰਾ,**
28 **ਮਾਰਚ**, 2018 **ਸਕੱਤਰ ।**